ਜ਼ਿਲਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਟਰਾਂਸਫਾਰਮਰ ਦੇ ਆਲੇ-ਦੁਆਲਿਓ ਸਭ ਤੋ ਪਹਿਲਾਂ ਕਣਕ ਦੀ ਕਟਾਈ ਕਰਨ ਕਿਸਾਨ

ਜ਼ਿਲ੍ਹਾ ਮੈਜਿਸ਼ਟਰੇਟ ਵੱਲੋਂ ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਵੱਖ ਵੱਖ ਹੁਕਮ ਜਾਰੀ

ਫਤਹਿਗੜ੍ਹ ਸਾਹਿਬ,13 ਅਪ੍ਰੈਲ

ਜਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਹੁਕਮ ਜਾਰੀ ਕੀਤੇ ਹਨ ਕਿ ਜ਼ਿਲੇ ਅੰਦਰ ਹਰ ਕਿਸਾਨ ਜਿਸ ਦੇ ਖੇਤ ਵਿੱਚ ਬਿਜਲੀ ਦਾ ਟਰਾਂਸਫਾਰਮਰ ਹੋਵੇ, ਇਹ ਯਕੀਨੀ ਬਣਾਏਗਾ ਕਿ ਉਸ ਟਰਾਂਸਫਾਰਮਰ ਦੇ ਆਲੇ-ਦੁਆਲੇ 10 ਵਰਗ ਮੀਟਰ ਦੇ ਏਰੀਏ ਵਿੱਚ ਉਹ ਸਭ ਤੋ ਪਹਿਲਾਂ ਕਣਕ ਦੀ ਕਟਾਈ ਕਰੇਗਾ ਤਾਂ ਜੋ ਕਿਸੇ ਕਿਸਮ ਦੀ ਅੱਗ ਲੱਗਣ ਦੀ ਘਟਨਾ ਨਾ ਵਾਪਰੇ। ਉਨ੍ਹਾਂ ਕਿਹਾ ਕਿ ਕਈ ਵਾਰ ਕਣਕ ਦੀ ਫਸਲ ਕੱਟਣ ਉਪਰੰਤ ਜ਼ਮੀਨ ਮਾਲਕਾਂ ਵੱਲੋਂ ਕਣਕ ਦੀ ਰਹਿੰਦ-ਖੂੰਦ ਨੂੰ ਅੱਗ ਲਗਾ ਦਿੱਤਾ ਜਾਂਦੀ ਹੈ। ਜਿਸ ਨਾਲ ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਨ ਫੈਲਦਾ ਹੈ।ਇਸ ਲਈ ਜ਼ਿਲ੍ਹੇ ਦੀ ਹਦੂਦ ਅੰਦਰ ਕੋਈ ਵੀ ਕਿਸਾਨ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਨਹੀਂ ਲਾਵੇਗਾ।

ਡੀ ਸੀ ਨੇ ਕਿਹਾ ਕਿ ਕਿ ਹਾਈਵੇ ਤੇ ਸਥਿਤ ਪੈਟਰੋਲ ਅਤੇ ਡੀਜਲ ਪੰਪ 24 ਘੰਟੇ ਖੁੱਲੇ ਰਹਿਣਗੇ ਅਤੇ ਇੰਨਾਂ ਪੈਟਰੋਲ ਪੰਪਾਂ ਤੇ ਫੂਡ ਪੈਕੇਟ ਵੀ ਰੱਖੇ ਜਾਣ।ਇਹ ਪੈਟਰੋਲ ਪੰਪ ਕੋਰੋਨਾ ਵਾਇਰਸ ਸਬੰਧੀ ਸਰਕਾਰ ਦੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨਗੇ। ਉਨ੍ਹਾਂ ਦੱਸਿਆ ਕਿ ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜਰ ਮੰਡੀਆਂ ਵਿੱਚ ਕਣਕ ਦੀ ਆਮਦ ਦੌਰਾਨ ਕੋਰੋਨਾ ਵਾਇਰਸ ਸਬੰਧੀ ਸਮੇਂ-ਸਮੇਂ 'ਤੇ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।ਉਨ੍ਹਾਂ ਹੁਕਮ ਜਾਰੀ ਕੀਤੇ ਹਨ ਕਿ ਮੰਡੀਆਂ ਵਿੱਚ ਕੰਮ ਕਰਦੇ ਸਮੇਂ ਮਾਸਕ ਪਾਉਣਾ ਲਾਜ਼ਮੀ ਹੈ, ਹੱਥਾਂ ਦੀ ਸਫਾਈ ਲਈ ਸੈਨੀਟਾਈਜ਼ਰ ਆਦਿ ਦੀ ਵਰਤੋਂ ਕੀਤੀ ਜਾਵੇ, ਇੱਕ ਦੂਜੇ ਤੋਂ 1.5 ਤੋਂ 02 ਮੀਟਰ ਦੀ ਦੂਰੀ ਬਣਾਕੇ ਰੱਖੀ ਜਾਵੇ ਅਤੇ ਸਰਕਾਰ ਵੱਲੋਂ ਜਾਰੀ ਸਮੁੱਚੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਕੀਟਨਾਸ਼ਕ, ਬੀਜ (ਮੂੰਗੀ),ਖਾਦ ਕੈਟਲਫੀਡ ਅਤੇ ਹੋਰ ਜਰੂਰੀ ਵਸਤਾਂ ਸਹਿਕਾਰੀ ਸਭਾਵਾਂ ਰਾਂਹੀ ਸਪਲਾਈ ਕਰਨ ਲਈ ਜ਼ਿਲੇ ਦੀਆਂ ਸਾਰੀਆਂ ਸਹਿਕਾਰੀ ਸਭਾਵਾਂ ਸਵੇਰੇ 9.00 ਵਜ਼ੇ ਤੋ ਸ਼ਾਮ 5.00 ਵਜ਼ੇ ਤੱਕ ਖੁੱਲੀਆਂ ਰਹਿਣਗੀਆਂ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ ,ਫਤਿਹਗੜ੍ਹ ਸਾਹਿਬ

ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਸੈਨੀਟਰੀ ਪੈਡ ਵੰਡੇ

ਚੰਡੀਗੜ੍ਹ ਗੌਲਫ ਕਲੱਬ ਦੇ ਮਹਿਲਾਵਾਂ ਦੇ ਸੈਕਸ਼ਨ, ਪੰਜਾਬ ਆਈ.ਪੀ.ਐਸ. ਆਫੀਸਰਜ਼ ਵਾਈਵਜ਼ ਐਸੋਸੀਏਸ਼ਨ ਅਤੇ ਭਾਰਤ ਵਿਕਾਸ ਪਰੀਸ਼ਦ ਸਰਹਿੰਦ ਦੇ ਸਹਿਯੋਗ ਨਾਲ ਜ਼ਿਲ੍ਹਾ ਪੁਲੀਸ ਨੇ ਕੀਤਾ ਉਪਰਾਲਾ

ਫਤਹਿਗੜ੍ਹ ਸਾਹਿਬ, 13 ਅਪ੍ਰੈਲ

ਕੋਰੋਨਾ ਵਾਇਰਸ ਤੋਂ ਬਚਾਅ ਲਈ ਲਾਏ ਗਏ ਕਰਫਿਊ ਦੌਰਾਨ ਸਰਕਾਰ ਵੱਲੋਂ ਲੋਕਾਂ ਤੱਕ ਹਰ ਲੋੜੀਂਦੀ ਚੀਜ ਪੁੱਜਦੀ ਕੀਤੀ ਜਾਣੀ ਯਕੀਨੀ ਬਣਾਈ ਜਾ ਰਹੀ ਹੈ। ਇਸੇ ਤਹਿਤ ਜ਼ਿਲ੍ਹਾ ਪੁਲਿਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਦੀ ਅਗਵਾਈ ਵਿੱਚ ਬ੍ਰਾਹਮਣ ਮਾਜਰਾ ਦੇ ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਖੇਡ ਸਟੇਡੀਅਮ ਸਰਹਿੰਦ ਵਿਖੇ ਚੰਡੀਗੜ੍ਹ ਗੌਲਫ ਕਲੱਬ ਦੇ ਮਹਿਲਾਵਾਂ ਦੇ ਸੈਕਸ਼ਨ, ਪੰਜਾਬ ਆਈ.ਪੀ.ਐਸ. ਆਫੀਸਰਜ਼ ਵਾਈਵਜ਼ ਐਸੋਸੀਏਸ਼ਨ ਅਤੇ ਭਾਰਤ ਵਿਕਾਸ ਪਰੀਸ਼ਦ ਸਰਹਿੰਦ ਦੇ ਸਹਿਯੋਗ ਨਾਲ ਸੈਨੇਟਰੀ ਪੈਡ ਵੰਡੇ ਗਏ।

ਇਸ ਦੌਰਾਨ ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਕਿ ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਦੀਆਂ ਲੋੜਾਂ ਨੂੰ ਮੁੱਖ ਰੱਖਦਿਆਂ ਇਹ ਪੈਡ ਵੰਡੇ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਤੱਕ ਇਹ ਪੈਡ ਪੁੱਜਦੇ ਕੀਤੇ ਜਾਣਗੇ। ਸਿਹਤ ਅਤੇ ਸਵੱਛਤਾ ਸੰਭਾਲ ਦੇ ਲਈ ਮਹਿਲਾਵਾਂ ਨੂੰ ਸੈਨੀਟਰੀ ਪੈਂਡ ਵੰਡਣ ਦੀ ਸ਼ੁਰੂਆਤ ਬ੍ਰਾਹਮਣ ਮਾਜਰਾ ਤੋਂ ਕੀਤੀ ਗਈ ਹੈ ਤੇ ਪੜਾਅ ਵਾਰ ਜ਼ਿਲ੍ਹੇ ਵਿੱਚ ਜਿੱਥੇ ਵੀ ਲੋੜਵੰਦ ਪਰਿਵਾਰ ਰਹਿੰਦੇ ਹਨ,ਉਨ੍ਹਾਂ ਦੀਆਂ ਔਰਤਾਂ ਨੂੰ ਇਹ ਪੈਡ ਮੁਹੱਈਆ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਜਿੱਥੇ ਔਰਤਾਂ ਨੂੰ ਸੈਨੀਟਰੀ ਪੈਡ ਵੰਡੇ ਗਏ ਉੱਥੇ ਭਾਰਤ ਵਿਕਾਸ ਪਰੀਸ਼ਦ ਦੀਆਂ ਮਹਿਲਾਂ ਮੈਂਬਰਾਂ ਵੱਲਂ ਔਰਤਾਂ ਨੂੰ ਸਾਫ ਸਫਾਈ ਯਕੀਨੀ ਬਣਾਉਣ ਸਬੰਧੀ ਜਾਣਕਾਰੀ ਦੇਣ ਦੇ ਨਾਲ ਨਾਲ ਕੋਰੋਨਾ ਵਾਇਰਸ ਤੋਂ ਬਚਾ ਬਾਰੇ ਵੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਡੀ ਐਸ ਪੀ ਮਨਜੋਤ ਕੌਰ, ਡੀ ਐਸ ਪੀ ਰਮਿੰਦਰ ਸਿੰਘ ਕਾਹਲੋਂ, ਭਾਰਤ ਵਿਕਾਸ ਪ੍ਰੀਸ਼ਦ ਸਰਹਿੰਦ ਦੇ ਪ੍ਰਧਾਨ ਨਿਤਿਨ ਸੂਦ, ਸਕੱਤਰ ਰਜੇਸ਼ ਧੀਮਾਨ, ਕੈਸ਼ੀਅਰ ਭਾਵੁਕ ਸੂਦ,ਸਤਪਾਲ ਗਰਗ, ਅਸ਼ਵਨੀ ਬਿੱਥਰ, ਭਾਰਤ ਠੁਕਰਾਲ, ਡਾ ਦੀਪੀਕਾ ਸੂਰੀ, ਐਡਵੋਕੇਟ ਪੂਨਮ ਗਰਗ, ਪੂਰਵ ਸਹਿਗਲ, ਡਾ ਹਤਿੰਦਰ ਸੂਰੀ ਸਮੇਤ ਹੋਰ ਪੰਤਵੰਤੇ ਹਾਜ਼ਰ ਸਨ।

ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਤਹਿਗੜ੍ਹ ਸਾਹਿਬ

ਕਣਕ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ

ਸੰਸਦ ਮੈਂਬਰ ਡਾ ਅਮਰ ਸਿੰਘ, ਵਿਧਾਇਕ ਕੁਲਜੀਤ ਸਿੰਘ ਨਾਗਰਾ, ਵਿਧਾਇਕ ਕਾਕਾ ਰਣਦੀਪ ਸਿੰਘ ਅਤੇ ਵਿਧਾਇਕ ਗੁਰਪ੍ਰੀਤ ਸਿੰਘ ਜੀ ਪੀ ਵੱਲੋਂ ਖਰੀਦ ਪ੍ਰਬੰਧਾਂ ਸਬੰਧੀ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ

ਕਣਕ ਦੀ ਵਾਢੀ ਤੇ ਮੰਡੀਆਂ ਵਿੱਚ ਖ਼ਰੀਦ ਦੌਰਾਨ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਬਣਾਈ ਜਾਵੇਗੀ ਯਕੀਨੀ

ਫ਼ਤਹਿਗੜ੍ਹ ਸਾਹਿਬ, 13 ਅਪ੍ਰੈਲ

ਜ਼ਿਲ੍ਹੇ ਵਿੱਚ 15 ਅਪ੍ਰੈਲ ਤੋਂ ਸ਼ੁਰੂ ਹੋ ਰਹੀ ਕਣਕ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਖਰੀ ਦ ਸਬੰ ਧੀ ਸਾ ਰੇ ਪ੍ਰਬੰ ਧ ਮੁ ਕੰ ਮਲ ਕਰ ਲਏ ਗਏ ਹ ਨ ਤੇ ਕਿ ਸਾ ਨੀ ਫ ਸ ਲ ਦਾ ਇੱ ਕ ਇੱ ਕ ਦਾ ਣਾ ਖਰੀ ਦਿ ਆ ਜਾ ਵੇ ਗਾ । ਇਸਦੇ ਨਾਲ ਨਾਲ ਖਰੀਦ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਲੋੜੀਂਦੀਆਂ ਸਾਵਧਾਨੀਆਂ ਦੀ ਪਾਲਣਾ ਵੀ ਯਕੀਨੀ ਬਣਾਈ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਫਤਹਿਗੜ੍ਹ ਸਾਹਿਬ ਦੇ ਸੰਸਦ ਮੈਂਬਰ ਡਾ ਅਮਰ ਸਿੰਘ ਨੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਕਰਨ ਉਪਰੰਤ ਕੀਤਾ। ਇਸ ਮੀਟਿੰਗ ਵਿੱਚ ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਕੁਲਜੀਤ ਸਿੰਘ ਨਾਗਰਾ, ਹਲਕਾ ਅਮਲੋਹ ਦੇ ਵਿਧਾਇਕ ਕਾਕਾ ਰਣਦੀਪ ਸਿੰਘ ਅਤੇ ਹਲਕਾ ਬਸੀ ਪਠਾਣਾ ਦੇ ਵਿਧਾਇਕ ਗੁਰਪ੍ਰੀਤ ਸਿੰਘ ਉਚੇਚੇ ਤੌਰ ਤੇ ਹਾਜ਼ਰ ਹੋਏ।

ਡਾ. ਅਮਰ ਸਿੰਘ ਨੇ ਕਿਹਾ ਕਿ ਕਣਕ ਦੀ ਵਾਢੀ ਤੇ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਸਬੰਧੀ ਸਮੁੱਚੀ ਪ੍ਰਕਿਰਿਆ ਦੌਰਾਨ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ। ਕਣਕ ਦੀ ਵਾਢੀ ਤੇ ਖ਼ਰੀਦ ਪ੍ਰਕਿਰਿਆ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਮਾਸਕ ਤੇ ਹੋਰ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਆੜਤੀਆਂ ਜ਼ਰੀਏ ਟੋਕਨ ਜਾਰੀ ਕੀਤੇ ਜਾ ਰਹੇ ਹਨ ਅਤੇ ਜਿਹੜੇ ਕਿਸਾਨ ਨੂੰ ਜਿਹੜੇ ਦਿਨ ਦਾ ਟੋਕਨ ਮਿਲੇਗਾ ਉਹ ਉਸੇ ਦਿਨ ਹੀ ਆਪਣੀ ਫਸਲ ਮੰਡੀ ਵਿੱਚ ਲੈ ਕੇ ਆਵੇਗਾ। ਇਸ ਨਾਲ ਮੰਡੀ ਵਿੱਚ ਭੀੜ ਹੋਣ ਤੋਂ ਬਚਾਅ ਹੋਵੇਗਾ ਅਤੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਸਕੇਗੀ।ਉਨ੍ਹਾਂ ਦੱਸਿਆ ਕਿ ਇਸ ਬਾਰ ਕਣਕ ਦੀ ਖਰੀਦ ਸਬੰਧੀ ਜ਼ਿਲ੍ਹੇ ਵਿਚਲੇ ਸ਼ੈਲਰਾਂ ਦੀ ਉਚੇਚੇ ਤੌਰ ਤੇ ਵਰਤੋਂ ਕੀਤੀ ਜਾ ਰਹੀ ਹੈ ਤੇ ਮੰਡੀਆਂ ਵਿੱਚ ਢੇਰੀਆਂ ਲਈ ਉਚੇਚੇ ਤੌਰ ਤੇ ਮਾਰਕਿੰਗ ਕੀਤੀ ਗਈ ਹੈ ਤਾਂ ਜੋ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸੋਸ਼ਲ ਡਿਸਟੈਂਸਿੰਗ ਯਕੀਨੀ ਬਣਾਈ ਜਾ ਸਕੇ।

ਇਸ ਮੌਕੇ ਤਿੰਨੇ ਵਿਧਾਇਕਾਂ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਗੱਲ ਲਈ ਵਚਨਬੱਧ ਹੈ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਹਰ ਲੋੜੀਂਦਾ ਕਦਮ ਚੁੱਕਿਆ ਜਾਵੇ ਤੇ ਕਣਕ ਦੀ ਖਰੀਦ ਸਬੰਧੀ ਕਿਸਾਨਾਂ ਨੂੰ ਵੀ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਰਹਿ ਕੇ ਹੀ ਕੋਰੋਨਾ ਖ਼ਿਲਾਫ਼ ਜੰਗ ਵਿੱਚ ਪੰਜਾਬ ਸਰਕਾਰ ਦਾ ਸਾਥ ਦੇਣ। ਇਸ ਉਪਰੰਤ ਸੰਸਦ ਮੈਂਬਰ ਡਾ ਅਮਰ ਸਿੰਘ ਤੇ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਾਲ ਲੈ ਕੇ ਸਰਹਿੰਦ ਅਨਾਜ ਮੰਡੀ ਦਾ ਦੌਰਾ ਕੀਤਾ ਅਤੇ ਉੱਥੇ ਆੜ੍ਹਤੀਆਂ ਨਾਲ ਗੱਲਬਾਤ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ, ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ, ਵਧੀਕ ਡਿਪਟੀ ਕਮਿਸ਼ਨਰ (ਜ) ਜਸਪ੍ਰੀਤ ਸਿੰਘ, ਐਸ.ਪੀ. (ਜਾਂਚ) ਹਰਪਾਲ ਸਿੰਘ, ਡਾ. ਅਮਰ ਸਿੰਘ ਦੇ ਪੁੱਤਰ ਕਾਮਿਲ ਅਮਰ ਸਿੰਘ, ਡੀ ਐਫ ਐਸ ਸੀ ਰਵਿੰਦਰ ਕੌਰ, ਜਿਲ੍ਹਾ ਮੰਡੀ ਅਫਸਰ ਰਜਿੰਦਰ ਕੁਮਾਰ, ਮਾਰਕਿਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਲਸ਼ਨ ਰਾਏ ਬੌਬੀ, ਮਾਰਕਿਟ ਕਮੇਟੀ ਸਰਹਿੰਦ ਦੇ ਵਾਇਸ ਚੇਅਰਮੈਨ ਬਲਵਿੰਦਰ ਸਿੰਘ ਮਾਵੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ,ਫ਼ਤਹਿਗੜ੍ਹ ਸਾਹਿਬ

ਬਾਹਰਲੇ ਸੂਬਿਆਂ ਤੋਂ ਆ ਰਹੇ ਕੰਬਾਇਨ ਡਰਾਈਵਰਾਂ ਤੇ ਵਰਕਰਾਂ ਦੀ ਸਿਹਤ ਵਿਭਾਗ ਵੱਲੋਂ ਕੀਤੀ ਜਾ ਰਹੀ ਹੈ ਜਾਂਚ

07 ਕੰਬਾਇਨ ਡਰਾਈਵਰਾਂ ਤੇ ਵਰਕਰਾਂ ਨੂੰ 14 ਦਿਨ ਲਈ ਕੀਤਾ ਇਕਾਂਤਵਾਸ

ਫ਼ਤਹਿਗੜ੍ਹ ਸਾਹਿਬ, 13 ਅਪ੍ਰੈਲ :

ਕੋਵਿਡ-19 ਦੇ ਖਤਰੇ ਨੂੰ ਮੁੱਖ ਰੱਖਦਿਆਂ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਤੌਰ 'ਤੇ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਕੰਬਾਇਨ ਡਰਾਈਵਰਾਂ ਤੇ ਵਰਕਰਾਂ ਦੀ ਸਿਹਤ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਕੋਈ ਵੀ ਬਾਹਰੋਂ ਆਉਣ ਵਾਲਾ ਵਿਅਕਤੀ ਜ਼ਿਲ੍ਹੇ ਵਿੱਚ ਕੋਰੋਨਾ ਨਾਲ ਗ੍ਰਸਤ ਨਾ ਹੋਵੇ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਐਨ. ਕੇ.ਅਗਰਵਾਲ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਪਿੰਡ ਸਲੇਮਪੁਰ ਵਿਖੇ 07 ਕੰਬਾਇਨ ਡਰਾਈਵਰਾਂ ਤੇ ਵਰਕਰਾਂ ਦੀ ਸਿਹਤ ਜਾਂਚ ਕੀਤੀ ਗਈ। ਵਰਨਣਯੋਗ ਹੈ ਕਿ ਇਹ ਸਾਰੇ ਵਿਅਕਤੀ ਮੱਧ ਪ੍ਰਦੇਸ਼ ਤੋਂ ਕਣਕ ਦੀ ਕਟਾਈ ਤੋਂ ਬਾਅਦ ਆਪਣੇ ਪਿੰਡ ਪਰਤੇ ਹਨ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਇਹ ਸਾਰੇ ਵਿਅਕਤੀ ਠੀਕ ਪਾਏ ਗਏ ਹਨ ਅਤੇ ਇਨ੍ਹਾਂ ਨੂੰ 14 ਦਿਨ ਲਈ ਆਪਣੇ ਘਰਾਂ ਵਿੱਚ ਹੀ ਇਕਾਂਤਵਾਸ ਕੀਤਾ ਗਿਆ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਦੇਸ਼ ਭਗਤ ਯੂਨੀਵਰਸਿਟੀ ਵਿਖੇ ਰਹਿ ਰਹੇ 30 ਵਿਦਿਆਰਥੀਆਂ ਤੇ 95 ਸਟਾਫ ਮੈਂਬਰਾਂ ਦੀ ਕੀਤੀ ਗਈ ਸਕਰੀਨਿੰਗ

ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਕੀਤੇ ਜਾ ਰਹੇ ਹਨ ਵੱਡੀ ਪੱਧਰ 'ਤੇ ਉਪਰਾਲੇ

ਰਿਮਟ ਯੂਨੀਵਰਸਿਟੀ ਦੇ 134 ਵਿਦਿਆਰਥੀਆਂ ਤੇ 41 ਸਟਾਫ ਮੈਂਬਰਾਂ ਦੀ ਵੀ ਕੀਤੀ ਗਈ ਸਕਰੀਨਿੰਗ

ਫ਼ਤਹਿਗੜ੍ਹ ਸਾਹਿਬ,13 ਅਪ੍ਰੈਲ :

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਦੱਸਿਆ ਕਿ ਦੇਸ਼ ਭਗਤ ਯੂਨੀਵਰਸਿਟੀ ਅਤੇ ਰਿਮਟ ਯੂਨੀਵਰਸਿਟੀ ਵਿਖੇ ਵਿਦਿਆਰਥੀਆਂ ਤੇ ਸਟਾਫ ਦੀ ਸਕਰੀਨਿੰਗ ਕੀਤੀ ਗਈ।ਉਨ੍ਹਾਂ ਦੱਸਿਆ ਕਿ ਦੇਸ਼ ਭਗਤ ਯੂਨੀਵਰਸਿਟੀ ਦੇ 30 ਵਿਦਿਆਰਥੀਆਂ ਤੇ 95 ਸਟਾਫ ਮੈਂਬਰਾਂ ਅਤੇ ਰਿਮਟ ਯੂਨੀਵਰਸਿਟੀ ਦੇ 134 ਵਿਦਿਆਰਥੀਆਂ ਤੇ 41 ਸਟਾਫ ਮੈਂਬਰਾਂ ਦੀ ਸਕਰੀਨਿੰਗ ਕੀਤੀ ਗਈ ਜਿਸ ਦੌਰਾਨ ਕਿਸੇ ਵੀ ਵਿਅਕਤੀ ਨੂੰ ਬੁਖਾਰ, ਖੰਘ, ਜੁਕਾਮ ਆਦਿ ਦੇ ਲੱਛਣ ਨਹੀਂ ਪਾਏ ਗਏ।

ਸਿਵਲ ਸਰਜਨ ਨੇ ਦੱਸਿਆ ਕਿ ਸੀ.ਐਚ.ਸੀ. ਅਮਲੋਹ ਵਿਖੇ ਮਰੀਜਾਂ ਦੀ ਜਾਂਚ ਕਰਨ ਲਈ ਵਿਸ਼ੇਸ਼ ਫਲੂ ਕਾਰਨਰ ਸਥਾਪਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ । ਸਿਹਤ ਵਿਭਾਗ ਦੀਆਂ ਟੀਮਾਂ 24 ਘੰਟੇ ਆਪਣੀਆਂ ਸੇਵਾਵਾਂ ਦੇ ਰਹੀਆਂ ਹਨ।

ਸਿਹਤ ਵਿਭਾਗ ਦੀ ਜਾਂਚ ਟੀਮ ਵਿੱਚ ਐਸ.ਐਮ.ਓ. ਕਮਿਊਨਿਟੀ ਹੈਲਥ ਸੈਂਟਰ ਅਮਲੋਹ ਡਾ. ਲਜਿੰਦਰ ਵਰਮਾਂ, ਡਾ. ਰੁਪਿੰਦਰ ਕੌਰ ਮੈਡੀਕਲ ਅਫਸਰ, ਪ੍ਰਭਜੋਤ ਸਿੰਘ ਫਾਰਮੇਸੀਅਫਸਰ, ਹਰਮਿੰਦਰ ਪਾਲ ਕਪਿਲ ਹੈਲਥ ਇੰਸਪੈਕਟਰ ਤੋਂ ਇਲਾਵਾ ਹੋਰ ਪੈਰਾ ਮੈਡੀਕਲ ਸਟਾਫ ਹਾਜਰ ਸੀ।